# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-04-2024**

- ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਭਲਕੇ 19 ਅਪ੍ਰੈਲ ਨੂੰ, ਦੇਸ਼ ਦੇ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਫੈਲੇ, 102 ਹਲਕਿਆਂ ਵਿਚ ਪੋਲਿੰਗ ਹੋਵੇਗੀ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਭਲਕੇ ਸਵੇਰੇ 11 ਤੋਂ ਸਾਢੇ 11 ਵਜੇ ਤੱਕ, ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ ਉੱਤੇ @TheCeoPunjab ਦੇ ਅਧਿਕਾਰਤ ਪੇਜ ‘ਤੇ ਲਾਈਵ ਹੋ ਕੇ, ਵੋਟਰਾਂ ਦੇ ਲੋਕ ਸਭਾ ਚੋਣਾਂ ਸੰਬੰਧੀ ਸਵਾਲਾਂ ਦੇ ਜਵਾਬ ਦੇਣਗੇ।
- ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਜਮਾਤ ਦੇ ਅੱਜ ਐਲਾਨੇ ਨਤੀਜੇ ਵਿਚ, ਲੁਧਿਆਣਾ ਦੀ ਅਦਿਤੀ 100 ਫੀਸਦੀ ਨੰਬਰਾਂ ਨਾਲ ਪਹਿਲੇ ਨੰਬਰ ਤੇ ਰਹੀ।

- ਦਿੱਲੀ ਫਤਿਹ ਦਿਵਸ ਸਮਾਗਮ ਇਸ ਸਾਲ 27 ਤੇ 28 ਅਪ੍ਰੈਲ ਨੂੰ, ਲਾਲ ਕਿਲ੍ਹੇ 'ਤੇ ਮਨਾਇਆ ਜਾਵੇਗਾ।

---------------------------------------------------------------

ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਭਲਕੇ 19 ਅਪ੍ਰੈਲ ਨੂੰ ਹੋਣ ਵਾਲੀ ਪੋਲਿੰਗ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਇਸ ਗੇੜ ਵਿੱਚ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਫੈਲੇ 102 ਹਲਕਿਆਂ ਲਈ ਵੋਟਿੰਗ ਹੋਣੀ ਏ। ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਇੱਕ ਹਜ਼ਾਰ 625 ਉਮੀਦਵਾਰ ਮੈਦਾਨ ਵਿੱਚ ਨਿਤਰੇ ਹੋਏ ਨੇ। ਅਰੁਣਾਚਲ ਪ੍ਰਦੇਸ਼, ਮੇਘਾਲਿਆ, ਮਿਜ਼ੋਰਮ, ਨਾਗਾਲੈਂਡ, ਸਿੱਕਮ, ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਲਕਸ਼ਦੀਪ, ਪੁਡੂਚੇਰੀ, ਉੱਤਰਾਖੰਡ ਅਤੇ ਤਾਮਿਲਨਾਡੂ ਦੇ ਸਾਰੇ ਸੰਸਦੀ ਹਲਕਿਆਂ ਵਿੱਚ ਪਹਿਲੇ ਗੇੜ ਵਿੱਚ ਵੋਟਾਂ ਪੈਣਗੀਆਂ। ਲੋਕ ਸਭਾ ਚੋਣਾਂ ਦੇ ਪਹਿਲੇ ਪੜਾਅ ਲਈ ਵੋਟਿੰਗ ਤੋਂ ਇਲਾਵਾ ਭਲਕੇ ਇੱਕ ਗੇੜ ਵਿੱਚ ਅਰੁਣਾਚਲ ਪ੍ਰਦੇਸ਼ ਅਤੇ ਸਿੱਕਮ ਦੀਆਂ ਵਿਧਾਨ ਸਭਾਵਾਂ ਦੀ ਚੋਣ ਲਈ ਵੀ ਵੋਟਿੰਗ ਹੋਵੇਗੀ।

---

ਇਸ ਦੌਰਾਨ ਲੋਕ ਸਭਾ ਚੋਣਾਂ ਦੇ ਚੌਥੇ ਗੇੜ ਲਈ ਨੋਟੀਫਿਕੇਸ਼ਨ ਅੱਜ ਜਾਰੀ ਕਰ ਦਿੱਤਾ ਗਿਆ। 9 ਸੂਬਿਆਂ ਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਫੈਲੀਆਂ 96 ਲੋਕ ਸਭਾ ਸੀਟਾਂ ਲਈ, ਇਸ ਗੇੜ ਵਿੱਚ 13 ਮਈ ਨੂੰ ਵੋਟਾਂ ਪੈਣਗੀਆਂ। ਉਮੀਦਵਾਰ 25 ਅਪ੍ਰੈਲ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਸਕਦੇ ਨੇ। 29 ਅਪ੍ਰੈਲ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ ਹੋਵੇਗੀ। ਏਧਰ ਲੋਕ ਸਭਾ ਚੋਣਾਂ ਦੇ ਤੀਜੇ ਗੇੜ ਲਈ ਨਾਮਜ਼ਦਗੀਆਂ ਭਰਨ ਦਾ ਕੰਮ ਕੱਲ੍ਹ ਸਮਾਪਤ ਹੋ ਜਾਵੇਗਾ। ਇਸ ਗੇੜ ਵਿੱਚ 7 ਮਈ ਨੂੰ 10 ਸੂਬਿਆਂ ਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 94 ਸੰਸਦੀ ਸੀਟਾਂ ਲਈ ਵੋਟਾਂ ਪੈਣਗੀਆਂ।

---

ਲੋਕ ਸਭਾ ਚੋਣਾਂ- 2024 ਦੇ ਮੱਦੇਨਜ਼ਰ, 16 ਮਾਰਚ ਤੋਂ ਸਾਰੇ ਦੇਸ਼ ਵਿੱਚ ਚੋਣ ਜ਼ਾਬਤਾ ਲਾਗੂ ਏ ਅਤੇ ਇਸ ਦੌਰਾਨ ਵੱਖ-ਵੱਖ ਸੁਰੱਖਿਆ ਤੇ ਹੋਰ ਏਜੰਸੀਆਂ ਵੱਲੋਂ, ਪੰਜਾਬ ਵਿੱਚ ਕੁੱਲ 243 ਕਰੋੜ 95 ਲੱਖ ਰੁਪਏ ਦੀ ਨਕਦੀ, ਸ਼ਰਾਬ, ਡਰੱਗ ਅਤੇ ਹੋਰ ਕੀਮਤੀ ਸਮਾਨ ਜ਼ਬਤ ਕੀਤਾ ਜਾ

ਚੁੱਕਾ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਕਿ ਆਜ਼ਾਦ ਤੇ ਨਿਰਪੱਖ ਤਰੀਕੇ ਨਾਲ ਚੋਣਾਂ ਕਰਵਾਉਣ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ ਅਤੇ 16 ਮਾਰਚ ਤੋਂ 17 ਅਪ੍ਰੈਲ ਤੱਕ ਪੰਜਾਬ ਪੁਲਿਸ ਵੱਲੋਂ ਸਭ ਤੋਂ ਵੱਧ 158 ਕਰੋੜ 76 ਲੱਖ ਰੁਪਏ ਦੀ ਨਗਦੀ, ਸ਼ਰਾਬ, ਨਸ਼ੀਲੇ ਪਦਾਰਥ ਅਤੇ ਹੋਰ ਵਸਤਾਂ ਜ਼ਬਤ ਕੀਤੀਆਂ ਗਈਆਂ ਨੇ। ਸਿਬਿਨ ਸੀ ਨੇ ਦੱਸਿਆ ਕਿ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ, 17 ਅਪ੍ਰੈਲ ਤੱਕ ਪੰਜਾਬ ਪੁਲਿਸ ਨੇ 2 ਕਰੋੜ 49 ਲੱਖ ਰੁਪਏ ਦੀ ਨਕਦੀ, 7 ਕਰੋੜ 6 ਲੱਖ ਰੁਪਏ ਦੀ ਸ਼ਰਾਬ, 148 ਕਰੋੜ 21 ਲੱਖ ਰੁਪਏ ਦੇ ਨਸ਼ੀਲੇ ਪਦਾਰਥ, 25 ਲੱਖ 60 ਹਜ਼ਾਰ ਰੁਪਏ ਦੀਆਂ ਕੀਮਤੀ ਵਸਤਾਂ ਅਤੇ 74 ਲੱਖ 20 ਹਜ਼ਾਰ ਰੁਪਏ ਦੀ ਕੀਮਤ ਵਾਲੀਆਂ ਹੋਰ ਵਸਤੂਆਂ ਜ਼ਬਤ ਕੀਤੀਆਂ ਨੇ। ਇਸੇ ਤਰ੍ਹਾਂ ਸੂਬੇ ਦੇ ਆਬਕਾਰੀ ਵਿਭਾਗ ਨੇ 6 ਕਰੋੜ 77 ਲੱਖ ਰੁਪਏ ਦੀ ਸ਼ਰਾਬ ਅਤੇ 2 ਲੱਖ ਰੁਪਏ ਦੇ ਨਸ਼ੀਲੇ ਪਦਾਰਥ ਅਤੇ ਬੀ.ਐਸ.ਐਫ ਨੇ 19 ਕਰੋੜ 66 ਲੱਖ ਰੁਪਏ ਦੇ ਡਰੱਗਜ਼ ਤੇ ਨਸ਼ੀਲੇ ਪਦਾਰਥ, 40 ਲੱਖ ਰੁਪਏ ਦੀਆਂ ਕੀਮਤੀ ਵਸਤਾਂ ਅਤੇ 36 ਲੱਖ ਰੁਪਏ ਦੀ

ਨਗਦੀ ਜ਼ਬਤ ਕੀਤੀ ਏ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਚੋਣ ਕਮਿਸ਼ਨ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਜ਼ਬਤੀ ਦੇ ਮਾਮਲੇ ਵਿੱਚ ਪੰਜਾਬ ਦੇਸ਼ ਭਰ ਵਿੱਚੋਂ 5ਵੇਂ ਸਥਾਨ ਤੇ ਏ। ਇਨ੍ਹਾਂ ਅੰਕੜਿਆਂ ਅਨੁਸਾਰ, ਪਹਿਲੀ ਮਾਰਚ ਤੋਂ 15 ਅਪ੍ਰੈਲ ਤੱਕ, ਸੂਬੇ ਵਿੱਚ 311 ਕਰੋੜ ਰੁਪਏ ਦੀ ਜ਼ਬਤੀ ਕੀਤੀ ਗਈ ਏ।

---------------------------------------------------

ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਨਿਵੇਕਲੀ ਪਹਿਲਕਦਮੀ ਕਰਦਿਆਂ ਭਲਕੇ 19 ਅਪ੍ਰੈਲ ਨੂੰ ਸਵੇਰੇ 11 ਤੋਂ ਸਾਢੇ 11 ਵਜੇ ਤੱਕ, ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ ਉੱਤੇ @The Ceo Punjab ਦੇ ਅਧਿਕਾਰਤ ਪੇਜ 'ਤੇ ਲਾਈਵ ਹੋ ਕੇ ਲੋਕਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੱਤੇ ਜਾਣਗੇ। ਇਸ ਲਾਈਵ ਪ੍ਰੋਗਰਾਮ ਦਾ ਨਾਮ 'ਟਾਕ ਟੂ ਯੂਅਰ ਸੀਈਓ ਪੰਜਾਬ' ਰੱਖਿਆ ਗਿਆ ਏ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਇਸ ਅੱਧੇ ਘੰਟੇ ਦੇ ਲਾਈਵ ਸੈਸ਼ਨ ਦੌਰਾਨ, ਉਨ੍ਹਾਂ ਨੂੰ ਕਮੈਂਟ ਕਰਕੇ ਸਵਾਲ ਪੁੱਛਣ ਤੋਂ ਇਲਾਵਾ, ਆਪਣੀਆਂ ਸ਼ਿਕਾਇਤਾਂ ਤੇ ਸੁਝਾਅ ਵੀ ਦੇ ਸਕਦਾ ਏ। ਸਵਾਲ ਜਾਂ ਸੁਝਾਅ ਲਾਈਵ

ਦੌਰਾਨ ਵੀ ਪੁੱਛੇ ਜਾ ਸਕਦੇ ਨੇ ਜਾਂ ਸਵੇਰੇ 11 ਵਜੇ ਤੋਂ ਪਹਿਲਾਂ, ਫੇਸਬੁੱਕ, ਇੰਸਟਾਗ੍ਰਾਮ ਜਾਂ ਐਕਸ ਉੱਤੇ ਵੀ ਭੇਜੇ ਜਾ ਸਕਦੇ ਨੇ । ਉਨਾਂ ਦੱਸਿਆ ਕਿ ਇਸ ਲਾਈਵ ਦਾ ਮਕਸਦ, ਚੋਣਾਂ ਬਾਰੇ ਲੋਕਾਂ ਦੇ ਸ਼ੰਕਿਆਂ ਨੂੰ ਦੂਰ ਕਰਨਾ ਅਤੇ ਉਨ੍ਹਾਂ ਨੂੰ ਵੋਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਏ । ਸਿਬਿਨ ਸੀ ਨੇ ਕਿਹਾ ਉਨ੍ਹਾਂ ਦੇ ਦਫ਼ਤਰ ਵੱਲੋਂ ਪਹਿਲਾਂ ਹੀ ਸੋਸ਼ਲ ਮੀਡੀਆ ਹੈਂਡਲਾਂ (ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂਟਿਊਬ) ਉੱਤੇ ਲੋਕ ਸਭਾ ਚੋਣਾਂ 2024 ਨਾਲ ਸਬੰਧਤ ਹਦਾਇਤਾਂ ਅਤੇ ਵੇਰਵਿਆਂ ਨੂੰ ਲਗਾਤਾਰ ਅੱਪਡੇਟ ਕੀਤਾ ਜਾਂਦਾ ਏ ਅਤੇ ਹਾਲ ਵਿੱਚ ਹੀ ਉਨ੍ਹਾਂ ਦੇ ਦਫ਼ਤਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਗਰਮ ਭੂਮਿਕਾ ਨਿਭਾਉਣ ਲਈ, ਦੇਸ਼ ਭਰ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਏ ।

---------------------------------------------------

ਲੋਕ ਸਭਾ ਚੋਣਾਂ ਦੌਰਾਨ ਵੋਟਿੰਗ ਲਈ ਲੋਕਾਂ ਨੂੰ ਪ੍ਰੇਰਿਤ ਕਰਨ ਵਾਸਤੇ, ਵੱਖ ਵੱਖ ਜ਼ਿਲਿਆਂ ਦਾ ਪ੍ਰਸ਼ਾਸਨ ਚੋਣ ਕਮਿਸ਼ਨ ਦੇ ਸਵੀਪ ਪ੍ਰੋਗਰਾਮ ਤਹਿਤ, ਇਨੀਂ ਦਿਨੀਂ ਕਈ ਉਪਰਾਲੇ ਕਰ ਰਿਹਾ ਏ। ਇਸੇ

ਲੜੀ ਤਹਿਤ ਹੁਸ਼ਿਆਰਪੁਰ ਦੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੀਤ ਕੋਹਲੀ ਦੀ ਅਗਵਾਈ ਵਿਚ, ਸ਼ਹਿਰ ਦੇ ਲੇਬਰ ਚੌਕ 'ਤੇ ਬਿਲਕੁਲ ਹੀ ਵੱਖਰੇ ਅੰਦਾਜ਼ ਵਿਚ ਸਵੀਪ ਗਤੀਵਿਧੀ ਕਰਵਾਈ ਗਈ।

*ਵੇਰਵਾ ਇਸ ਰਿਪੋਰਟ ਵਿਚ : ਡਿਸਪੈਚ: ਲੋਕਸਭਾ ਚੋਣਾਂ ਦੇ ਮੌਕੇ ਤੇ ਭੰਡ ਕਲਾ ਰਾਹੀਂ ਬੜੇ ਹੀ ਨਾਟਕੀ ਅੰਦਾਜ਼ ਵਿਚ ਵੋਟਰਾਂ ਨੂੰ ਜਾਗਰੂਕ ਕਰਨ ਦੀ ਇਹ ਪਹਿਲ ਹੁਸ਼ਿਆਰਪੁਰ ਦੇ ਜ਼ਿਲਾ ਸਵੀਪ ਨੋਡਲ ਅਫਸਰ ਪ੍ਰੀਤ ਕੋਹਲੀ ਦੀ ਅਗਵਾਈ ਹੇਠ ਕੀਤੀ ਗਈ ਏ। ਉਹ ਆਪਣੀ ਟੀਮ ਨਾਲ ਡਫਲੀ ਵਜਾ ਕੇ ਤੇ ਪੰਜਾਬੀ ਬੋਲਿਆਂ ਪਾ ਕੇ ਵੋਟਰਾਂ ਨੂੰ ਜਾਗਰੂਕ ਕਰ ਰਹੇ ਨੇ। ਇਸੇ ਲੜੀ ਤਹਿਤ ਬੀਤੇ ਦਿਨ ਹੁਸ਼ਿਆਰਪੁਰ ਦੇ ਲੇਬਰ ਚੌਕ ਵਿਚ ਵੋਟਰਾਂ ਖਾਸ ਤੌਰ ਤੇ ਉਸਾਰੀ ਕਿਰਤੀਆਂ ਨੂੰ ਵੋਟ ਦੇ ਹੱਕ ਦੀ ਵਰਤੋਂ ਲਈ ਪ੍ਰੇਰਿਤ ਕੀਤਾ ਗਿਆ।       ਉਸਾਰੀ ਕਿਰਤੀਆਂ ਨੂੰ ਇਸ ਟੀਮ ਨੇ ਇਹ ਸਮਝਾਇਆ ਕਿ ਕਿਵੇਂ ਸਿਰਫ ਇਕ ਇੱਟ ਨਾ ਲੱਗਣ ਨਾਲ ਕੰਧ ਦੀ ਮਜਬੂਤੀ ਪ੍ਰਭਾਵਤ ਹੁੰਦੀ ਏ ਤੇ ਠੀਕ ਇਸੇ ਤਰ੍ਹਾਂ ਨਾਲ ਇਕ ਵੋਟ ਨਾ ਪੈਣ ਨਾਲ ਲੋਕਤੰਤਰ ਦੀ ਮਜਬੂਤੀ ਤੇ ਕੀ ਅਸਰ ਪੈਂਦਾ ਏ। ਵੋਟ*

***ਪਾਉਣ ਪ੍ਰਤੀ ਜਾਗਰੂਕਤਾ ਦੇ ਇਸ ਮਾਧਿਅਮ ਨੂੰ ਸਾਰਿਆਂ ਨੇ ਬੇਹੱਦ ਸਰਾਹਿਆ । ਰੇਲਵੇ ਮੰਡੀ ਸਕੂਲ ਦੀ ਵਿਦਿਆਰਥਣ ਰਿਤਿਕਾ ਸੈਣੀ ਨੇ ਢੋਲ ਦੀ ਥਾਪ ਨਾਲ ਉਨ੍ਹਾਂ ਦਾ ਸਹਿਯੋਗ ਕੀਤਾ। ਯਕੀਨਨ ਅਜਿਹੇ ਉਪਰਾਲੇ ਲੋਕਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਦੇ ਨੇ। ਸੰਜੀਵ ਬਖਸ਼ੀ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।***

----------------------------------------------------------------

ਫ਼ਤਹਿਗੜ੍ਹ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਟੀਮਾਂ ਨੇ, ਪਿੰਡ ਗਗੜ-ਵਾਲ ਤੇ ਕਾਲੇ-ਮਾਜਰਾ ਦੇ ਕਿਸਾਨਾਂ ਵੱਲੋਂ ਸਰਫੇਸ ਸੀਡਰ ਨਾਲ ਕਣਕ ਦੀ ਬਿਜਾਈ ਵਾਲੇ ਖੇਤਾਂ ਦਾ ਨਰੀਖਣ ਕੀਤਾ । ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਡਾ: ਸੰਦੀਪ ਕੁਮਾਰ ਰਿਨਵਾ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਖੇਤੀ ਮਾਹਰਾਂ ਵੱਲੋਂ ਨਵੀਂ ਮਸ਼ੀਨ ਸਰਫੇਸ ਸੀਡਰ ਵਿਕਸਤ ਕੀਤੀ

ਗਈ ਏ, ਜਿਸ ਨੂੰ ਚਲਾਉਣ ਲਈ ਵੱਡੇ ਟਰੈਕਟਰ ਦੀ ਜਰੂਰਤ ਨਹੀਂ ਪੈਂਦੀ। ਉਨ੍ਹਾਂ ਦੱਸਿਆ ਕਿ ਇਸ ਮਸ਼ੀਨ ਨਾਲ ਕਣਕ ਦੀ ਬਿਜਾਈ ਕਰਨ ਲਈ ਸਮਾਂ ਬਹੁਤ ਘੱਟ ਲੱਗਦਾ ਏ ਅਤੇ ਇਹ ਮਸ਼ੀਨ ਸਹਿਕਾਰੀ ਸਭਾਵਾਂ ਵਿੱਚ ਉਪਲਬਧ ਕਰਵਾਈ ਗਈ ਏ ਤਾਂ ਜੋ ਛੋਟੇ ਕਿਸਾਨ ਇਸ ਵਿਧੀ ਦਾ ਲਾਭ ਲੈ ਸਕਣ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਵੀ ਖੇਤੀ ਤਕਨੀਕਾਂ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ ਤਾਂ ਜੋ ਵਾਤਾਵਰਣ ਪ੍ਰਦੂਸ਼ਣ ਨੂੰ ਠੱਲ ਪਾਈ ਜਾ ਸਕੇ।

-----------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਦੀ 10ਵੀਂ ਦੀ ਪ੍ਰੀਖਿਆ ਦਾ ਨਤੀਜਾ ਬੋਰਡ ਦੇ ਵਾਈਸ ਚੇਅਰਮੈਨ ਪ੍ਰੇਮ ਕੁਮਾਰ ਵੱਲੋਂ ਬੋਰਡ ਕੰਪਲੈਕਸ ਮੋਹਾਲੀ ਵਿਖੇ ਅੱਜ ਐਲਾਨਿਆ ਗਿਆ। ਪਹਿਲੀਆਂ ਤਿੰਨੋਂ ਥਾਂਵਾਂ ਤੇ ਕੁੜੀਆਂ ਨੇ ਬਾਜੀ ਮਾਰੀ ਏ। ਲੁਧਿਆਣਾ ਦੇ ਤੇਜਾ ਸਿੰਘ ਸੁਤੰਤਰ ਮੈਮੋਰੀਅਲ ਸੇਨ ਸੈਕੰਡਰੀ ਸਕੂਲ ਸ਼ਿਮਲਾ ਪੁਰੀ ਦੀ ਅਦਿਤੀ ਨੇ 100 ਫੀਸਦੀ ਅੰਕ ਲੈ ਕੇ, ਪਹਿਲਾ ਸਥਾਨ ਹਾਸਲ ਕੀਤਾ ਜਦਕਿ ਇਸੇ ਸਕੂਲ ਦੀ ਅਲੀਸ਼ਾ ਸ਼ਰਮਾ ਨੇ 99.23 ਫੀਸਦੀ ਅੰਕਾਂ ਨਾਲ ਦੂਜੇ

ਸਥਾਨ ਤੇ ਰਹੀ । ਅੰਮ੍ਰਿਤਸਰ ਦੀ ਤਹਿਸੀਲ ਬਾਬਾ ਬਕਾਲਾ ਦੇ ਅੰਬਰ ਪਬਲਿਕ ਸਕੂਲ ਦੀ ਕਰਮਨ ਪ੍ਰੀਤ ਕੌਰ ਨੇ 99.23 ਫੀਸਦੀ ਅੰਕਾਂ ਦੇ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ । ਬੀਤੀ ਫਰਵਰੀ ਵਿੱਚ ਕੁੱਲ 2 ਲੱਖ 81 ਹਜ਼ਾਰ 98 ਵਿਦਿਆਰਥੀਆ ਨੇ ਇਹ ਪ੍ਰੀਖਿਆ ਦਿਤੀ ਅਤੇ 2 ਲੱਖ 73 ਹਜ਼ਾਰ 348 ਪਾਸ ਹੋਏ ਨੇ । ਇਸ ਤਰ੍ਹਾਂ ਕੁੱਲ ਪਾਸ ਫ਼ੀਸਦ 97.24 ਰਹੀ ਏ । ਪ੍ਰੇਮ ਕੁਮਾਰ ਨੇ ਦੱਸਿਆ ਕਿ ਇਹ ਸ਼ਾਇਦ ਪਹਿਲੀ ਵਾਰ ਏ, ਜਦੋਂ ਮੈਟ੍ਰਿਕ ਦੇ ਨਤੀਜੇ ਇੰਨੀ ਜਲਦੀ ਐਲਾਨੇ ਗਏ ਨੇ । ਕੁੜੀਆਂ ਦੀ ਪਾਸ ਫ਼ੀਸਦ 98.11 ਅਤੇ ਮੁੰਡਿਆਂ ਦੀ ਪਾਸ ਫ਼ੀਸਦ 96 .47 ਰਹੀ ਏ । ਅੰਮ੍ਰਿਤਸਰ ਜ਼ਿਲ੍ਹਾ 99.24 ਪਾਸ ਫ਼ੀਸਦ ਨਾਲ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚੋਂ ਪਹਿਲੇ ਨੰਬਰ 'ਤੇ ਰਿਹਾ ਏ । ਪਠਾਨਕੋਟ 99.22 ਫ਼ੀਸਦ ਨਾਲ ਦੂਜੇ ਸਥਾਨ ਅਤੇ ਤਰਨਤਾਰਨ 99.13 ਫ਼ੀਸਦ ਨਾਲ ਤੀਜੇ ਸਥਾਨ 'ਤੇ ਰਹੇ ਨੇ । ਓਪਨ ਸਕੂਲ ਕੈਟਾਗਰੀ ਵਿੱਚ 10 ਹਜ਼ਾਰ 825 ਵਿਦਿਆਰਥੀ ਆਏ ਅਤੇ 7 ਹਜ਼ਾਰ 665 ਪਾਸ ਹੋਏ । ਪਾਸ ਫ਼ੀਸਦ 70.81 ਰਹੀ ਏ ।

---------------------------------------------------------------

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ, ਕਮੇਟੀ ਦੀ ਟੀਮ ਨੇ ਪਟਿਆਲਾ ਵਿਖੇ ਨਿਹੰਗ ਸਿੰਘ ਮੁਖੀ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ ਕਰ ਕੇ, ਉਹਨਾਂ ਨੂੰ ਦਿੱਲੀ ਫਤਿਹ ਦਿਵਸ ਸਮਾਗਮਾਂ ਦਾ ਸੱਦਾ ਦਿੱਤਾ । ਮੀਡੀਆ ਨਾਲ ਗੱਲਬਾਤ ਕਰਦਿਆਂ, ਉਨਾਂ ਦੱਸਿਆ ਕਿ ਇਸ ਸਾਲ ਦਿੱਲੀ ਫਤਿਹ ਦਿਵਸ 27 ਤੇ 28 ਅਪ੍ਰੈਲ ਨੂੰ, ਲਾਲ ਕਿਲ੍ਹੇ ’ਤੇ ਮਨਾਇਆ ਜਾ ਰਿਹਾ ਏ । ਉਹਨਾਂ ਦੱਸਿਆ ਕਿ 27 ਅਪ੍ਰੈਲ ਨੂੰ ਕੀਰਤਨ ਦਰਬਾਰ ਹੋਵੇਗਾ ਅਤੇ 28 ਅਪ੍ਰੈਲ ਨੂੰ ਗੁਰੂ ਕੀਆਂ ਲਾਡੀਆਂ ਫੌਜਾਂ ਆਪਣੇ ਜੌਹਰ ਵਿਖਾਉਣਗੀਆਂ । ਉਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ, ਪੰਥ ਦੀਆਂ ਸਮੂਹ ਜਥੇਬੰਦੀਆਂ ਨੂੰ ਇਹਨਾਂ ਪ੍ਰੋਗਰਾਮਾਂ ਵਾਸਤੇ ਸੱਦਾ ਦਿੱਤਾ ਜਾ ਰਿਹਾ ਏ, ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜਾਬ ਦੇ ਦਲ ਪੰਥ, ਸੰਤ ਸਮਾਜ ਨੂੰ ਵੀ ਸੱਦਾ ਪੱਤਰ ਦਿੱਤੇ ਜਾਣਗੇ । ਦਿੱਲੀ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀਆਂ

ਟੀਮਾਂ, ਵੱਖ-ਵੱਖ ਸ਼ਹਿਰਾਂ ਵਿਚ ਪਹੁੰਚ ਕੇ ਇਹ ਸੱਦਾ ਪੱਤਰ ਦੇਣਗੀਆਂ। ਉਨਾਂ ਦੱਸਿਆ ਕਿ ਇਸ ਵਾਰ ਦੇ ਪ੍ਰੋਗਰਾਮ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਕੀਤੇ ਜਾ ਰਹੇ ਨੇ।

---------------------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਭਲਕੇ 19 ਅਪ੍ਰੈਲ ਨੂੰ, ਦੇਸ਼ ਦੇ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਫੈਲੇ, 102 ਹਲਕਿਆਂ ਵਿਚ ਪੋਲਿੰਗ ਹੋਵੇਗੀ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਭਲਕੇ ਸਵੇਰੇ 11 ਤੋਂ ਸਾਢੇ 11 ਵਜੇ ਤੱਕ, ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ ਉੱਤੇ @TheCeoPunjab ਦੇ ਅਧਿਕਾਰਤ ਪੇਜ 'ਤੇ ਲਾਈਵ ਹੋ ਕੇ, ਵੋਟਰਾਂ ਦੇ ਲੋਕ ਸਭਾ ਚੋਣਾਂ ਸੰਬੰਧੀ ਸਵਾਲਾਂ ਦੇ ਜਵਾਬ ਦੇਣਗੇ।
- ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਜਮਾਤ ਦੇ ਅੱਜ ਐਲਾਨੇ ਨਤੀਜੇ ਵਿਚ, ਲੁਧਿਆਣਾ ਦੀ ਅਦਿਤੀ 100 ਫੀਸਦੀ ਨੰਬਰਾਂ ਨਾਲ ਪਹਿਲੇ ਨੰਬਰ ਤੇ ਰਹੀ।

- ਦਿੱਲੀ ਫਤਿਹ ਦਿਵਸ ਸਮਾਗਮ ਇਸ ਸਾਲ 27 ਤੇ 28 ਅਪ੍ਰੈਲ ਨੂੰ, ਲਾਲ ਕਿਲ੍ਹੇ ’ਤੇ ਮਨਾਇਆ ਜਾਵੇਗਾ।